# ਦਫਤਰ ਜਿਲ੍ਹਾ ਮੈਜਿਸਟਰੇਟ, ਰੂਪਨਗਰ।

(ਫੁਟਕਲ ਸ਼ਾਖਾ)

ਹੁਕਮ:

ਪੰਜਾਬ ਸਰਕਾਰ ਵੱਲੋਂ ਰਾਜ ਵਿਚ ਵੱਖ ਵੱਖ ਥਾਵਾਂ ਤੇ ਨਕਲੀ ਅਤੇ ਅਣ-ਅਧਿਕਾਰਤ ਸੀਮਨ ਦੀ ਵਿਕਰੀ ਬਾਰੇ ਅਤੇ ਵਿਭਾਗ ਦੀ ਬਰੀਡਿੰਗ ਪਾਲਿਸੀ ਤਹਿਤ ਅਣ-ਅਧਿਕਾਰਤ ਸੀਮਨ ਵਿਕਣ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਰਹਿੰਦਾ ਹੈ ਪ੍ਰੰਤੂ ਇਸ ਦੇ ਬਾਵਜੂਦ ਵਿਭਾਗ ਨੂੰ ਵੇਖਣ ਵਿੱਚ ਆਇਆ ਹੈ ਕਿ ਅਣ-ਅਧਿਕਾਰਤ ਸੀਮਨ ਨੂੰ ਰੱਖਿਆ/ਵੇਚਿਆ ਜਾ ਰਿਹਾ ਹੈ। ਇਸ ਪ੍ਰਕਾਰ ਅਣ-ਅਧਿਕਾਰਤ ਤੌਰ ਤੇ ਵੇਚੇ/ਖਰੀਦੇ ਜਾ ਰਹੇ ਸੀਮਨ ਦੀ ਵਰਤੋਂ ਕਰਨਾ ਰਾਜ ਦੀ ਬਰੀਡਿੰਗ ਪਾਲਿਸੀ ਅਨੁਸਾਰ ਉਚਿੱਤ ਨਹੀਂ ਹੈ ਕਿਉਂਕਿ ਅਜਿਹਾ ਕਰਨ ਨਾਲ ਰਾਜ ਦੇ ਪਸ਼ੂ ਧਨ ਦੀ ਨਸਲ ਖਰਾਬ ਹੋਣ ਦਾ ਖਦਸ਼ਾ ਹੈ, ਕਿਉਂਕਿ ਅਜਿਹੇ ਸੀਮਨ ਦੀ ਪੈਡਿਗਰੀ ਬਾਰੇ ਕੁਝ ਪਤਾ ਨਹੀਂ ਹੁੰਦਾ। ਇਸ ਤੋਂ ਇਲਾਵਾ ਪਸ਼ੂ ਧਨ ਦੀ ਪ੍ਰੋਡਕਟੀਵਿਟੀ ਤੇ ਵੀ ਮਾੜਾ ਅਸਰ ਪੈ ਸਕਦਾ ਹੈ ਅਤੇ ਇਸ ਅਸਰ ਦਾ ਤੁਰੰਤ ਪਤਾ ਨਹੀਂ ਲੱਗ ਸਕਦਾ ਬਲਕਿ ਆਉਣ ਵਾਲੇ ਸਮੇਂ ਵਿਚ ਇਸਦਾ ਅਸਰ ਦਿਖੇਗਾ,ਅਜਿਹਾ ਹੋਣ ਦੀ ਸੂਰਤ ਵਿਚ ਵਿਭਾਗ ਦੁਆਰਾ ਪਿਛਲੇ ਲੰਬੇ ਸਮੇਂ ਤੋਂ ਪਸ਼ੂਆਂ ਦੀ ਨਸਲ ਸੁਧਾਰ (Breed Improvement) ਲਈ ਕੀਤੇ ਜਾਣ ਵਾਲੇ ਸਮੁੱਚੇ ਉਪਰਾਲੇ ਬੇਕਾਰ ਹੋ ਜਾਣਗੇ ਕਿਉਂਕਿ ਵਿਭਾਗ ਦੁਆਰਾ ਭਾਰਤ ਸਰਕਾਰ ਦੇ ਮਾਪਦੰਡਾਂ ਅਤੇ ਰਾਜ ਵਿਚ ਬਰੀਡਿੰਗ ਪਾਲਿਸੀ ਅਨੁਸਾਰ ਹੀ ਆਪਣੇ ਲਾਈਵਸਟਾਕ ਫਾਰਮਜ਼ ਤੇ ਉੱਤਮ ਨਸਲ ਦੇ ਬੁੱਲਜ ਤੋਂ ਤਿਆਰ ਕੀਤਾ ਗਿਆ ਸੀਮਨ ਸਮਨੂਈ ਗਰਭਦਾਨ (Artificial Insemination) ਲਈ ਵਰਤਿਆ ਜਾਂਦਾ ਹੈ ਅਤੇ ਇਸੇ ਅਨੁਸਾਰ ਹੀ ਸੀਮਨ ਇੰਪੋਰਟ ਕੀਤਾ ਜਾਂਦਾ ਹੈ। ਇਸ ਤਰ੍ਹਾ ਅਣ-ਅਧਿਕਾਰਤ ਸੀਮਨ ਵੇਚਣਾ ਇਕ ਅਤਿ ਗੰਭੀਰ ਮਾਮਲਾ ਹੈ,ਜਿਸ ਦਾ ਫੌਰੀ ਹੱਲ ਕਰਨਾ ਬਹੁਤ ਲਾਜ਼ਮੀ ਹੈ।

ਇਸ ਲਈ ਮੈਂ ਸੁਮੀਤ ਕੁਮਾਰ ਜਾਰੰਗਲ, ਆਈ.ਏ.ਐਸ. ਜਿਲ੍ਹਾ ਮੈਜਿਸਟਰੇਟ, ਰੂਪਨਗਰ ਜਾਬਤਾ ਫੌਜਦਾਰੀ ਸੰਘਤਾ, 1973 (1974 ਦਾ ਐਕਟ ਨੰ:2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲਾ ਰੂਪਨਗਰ ਦੀ ਹਦੂਦ ਅੰਦਰ ਅਣ-ਅਧਿਕਾਰਤ ਤੌਰ ਤੇ ਸੀਮਨ ਦਾ ਭੰਡਾਰ ਕਰਨ/ਟਰਾਂਸਪੋਰਟੇਸ਼ਨ ਕਰਨ,ਵਰਤਣ ਜਾਂ ਵੇਚਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ ਪ੍ਰੰਤੂ ਇਹ ਹੁਕਮ ਹੇਠ ਲਿਖਿਆ ਤੇ ਲਾਗੂ ਨਹੀਂ ਹੋਣਗੇ:-

1. ਪਸ਼ੂ ਵਿਕਾਸ ਅਤੇ ਪੰਚਾਇਤਾਂ,ਪੰਜਾਬ ਦੀਆਂ ਸਮੂਹ ਵੈਟਨਰੀ ਸੰਸਥਾਵਾਂ ਸਮੇਤ ਪਸ਼ੂ ਹਸਪਤਾਲ/ਪਸ਼ੂ ਡਿਸਪੈਂਸਰੀਆਂ ਅਤੇ ਪੋਲੀਕਲੀਨਿਕ ।

2. ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਂਗ,ਪੰਜਾਬ ਅਧੀਨ ਚੱਲ ਰਹੇ ਪਸ਼ੂ ਰੂਰਲ ਵੈਟਨਰੀ ਹਸਪਤਾਲਾਂ ਨੂੰ ਜੋ ਕਿ ਪਸ਼ੂ ਪਾਲਣ ਵਿਭਾਗ, ਪੰਜਾਬ ,ਵੱਲੋ ਸਪਲਾਈ ਕੀਤੇ ਸੀਮਨ ਨੂੰ ਵਰਤ ਰਹੇ ਹਨ।

3. ਪਸ਼ੂ ਪਾਲਣ ਵਿਭਾਗ,ਪੰਜਾਬ,ਮਿਲਕਫੈਡ ਅਤੇ ਕਾਲਜ ਆਫ ਵੈਟਨਰੀ ਸਾਇੰਸ,ਗਡਵਾਸੂ ਲੁਧਿਆਣਾ ਵੱਲੋ ਚਲਾਏ ਜਾ ਰਹੇ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ।

4. ਕੋਈ ਹੋਰ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ, ਜੋ ਕਿ ਪਸ਼ੂ ਪਾਲਣ ਵਿਭਾਗ, ਪੰਜਾਬ ਵੱਲੋ ਪ੍ਰੋਸੈਸ ਅਤੇ ਸਪਲਾਈ ਜਾਂ ਇੰਪੋਰਟ ਕੀਤੇ ਜਾ ਰਹੇ ਬੋਵਾਇਨ ਸੀਮਨ ਨੂੰ ਵਰਤ ਰਹੇ ਹਨ ।

5. ਪ੍ਰੋਗਰੈਸਿਵ ਡੇਅਰੀ ਫਾਰਮਜ਼ ਐਸੋਸੀਏਸ਼ਨ, ਪੰਜਾਬ ਦੇ ਮੈਂਬਰ ,ਜਿਹਨਾਂ ਨੇ ਕੇਵਲ ਆਪਣੇ ਪਸ਼ੂਆਂ ਦੀ ਵਰਤੋਂ ਲਈ ਬੋਵਾਇਨ ਸੀਮਨ ਇੰਪੋਰਟ ਕੀਤਾ ਹੋਵੇ।

ਇਹ ਹੁਕਮ ਮਿਤੀ 19-01-2019 ਤੋਂ 18-03-2019 ਤੱਕ ਲਾਗੂ ਰਹੇਗਾ।

ਮਾਮਲੇ ਦੀ ਤਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਤੇ ਜਾਰੀ ਕੀਤਾ ਜਾਂਦਾ ਹੈ। ਇਸ ਹੁਕਮ ਦਾ ਜਿਲ੍ਹਾ ਲੋਕ ਸੰਪਰਕ ਵਿਭਾਗ, ਰੂਪਨਗਰ ਦੀ ਪ੍ਰਚਾਰ ਵੈਨ ਰਾਹੀਂ ਪ੍ਰਚਾਰ ਕਰਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਜਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਪੁਲਿਸ ਸਟੇਸ਼ਨ, ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਸਮੂਹ ਵੈਟਨਰੀ ਹਸਪਤਾਲਾਂ, ਡਿਸਪੈਂਸਰੀਆਂ ਦੇ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਜਨਤਕ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਮੇਰੇ ਦਸਖਤਾਂ ਅਤੇ ਮੋਹਰ ਅਦਾਲਤ ਹੇਠ ਮਿਤੀ 17-01-2019 ਨੂੰ ਜਾਰੀ ਹੋਇਆ।

ਸਹੀ/-<br>
ਜਿਲ੍ਹਾ ਮੈਜਿਸਟਰੇਟ,<br>
ਰੂਪਨਗਰ।